## ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
## ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ

**ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:0172- 2623207, 2620106**
**ਫੈਕਸ:0172-2624687 ਈ-ਮੇਲssapunjab@yahoo.com**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
ਪੰਜਾਬ

ਮੀਮੋ ਨੰ. ਏ.ਐਸ.ਪੀ.ਡੀ/ਮੀਡੀਆ/2011/7122-7141
ਮਿਤੀ ਚੰਡੀਗੜ੍ਹ 28.01.2011

**ਵਿਸ਼ਾ:- ਗੈਰਹਾਜ਼ਰ ਵਿਦਿਆਰਥੀਆਂ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਇਸ ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਸਕੂਲਾਂ ਅੰਦਰ ਵਿਦਿਆਰਥੀ ਲਗਾਤਾਰ ਗੈਰਹਾਜ਼ਰ ਰਹਿੰਦੇ ਹਨ। ਜਿਸ ਕਰਕੇ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਤੇ ਇਸ ਦਾ ਮਾੜਾ ਪ੍ਰਭਾਵ ਪੈਂਦਾ ਹੈ ਅਤੇ ਇਹ ਬੱਚੇ ਦੂਸਰਿਆਂ ਬੱਚਿਆਂ ਨਾਲੋਂ ਪੜ੍ਹਾਈ ਵਿੱਚ ਪਛੜ ਜਾਂਦੇ ਹਨ।

3.0 ਸਕੂਲਾਂ ਅੰਦਰ ਬੱਚਿਆਂ ਦਾ ਨਵਾਂ ਦਾਖਲਾ ਵੀ ਕੀਤਾ ਜਾ ਰਿਹਾ ਹੈ ਪਰ ਗੈਰਹਾਜ਼ਰ ਵਿਦਿਆਰਥੀਆਂ ਨੂੰ ਸਕੂਲਾਂ ਅੰਦਰ ਲਿਆਉਣਾ ਬਹੁਤ ਜ਼ਰੂਰੀ ਹੈ ਜੋ ਕਿ ਅਧਿਆਪਕ ਦੀ ਜ਼ਿੰਮੇਵਾਰੀ ਹੈ।

4.0 ਪੜ੍ਹੋ ਪੰਜਾਬ ਦੇ ਅੰਤਮ ਜਾਂਚ (ਪੋਸਟ ਟੈਸਟ) ਵੀ ਫਰਵਰੀ ਮਹੀਨੇ ਤੋਂ ਸ਼ੁਰੂ ਹੋ ਰਹੀ ਹੈ।ਜੇਕਰ ਵਿਦਿਆਰਥੀਆਂ ਦੀ ਗੈਰਹਾਜ਼ਰੀ ਜ਼ਿਆਦਾ ਹੈ ਤਾਂ ਜ਼ਿਲ੍ਹੇ ਅਤੇ ਸਟੇਟ ਦੇ ਨਤੀਜੇ ਵੀ ਪ੍ਰਭਾਵਿਤ ਹੋਣਗੇ। ਸੋ ਇਹਨਾਂ ਸਾਰੀਆਂ ਗੱਲਾਂ ਨੂੰ ਧਿਆਨ 'ਚ ਰੱਖਦਿਆਂ ਗੈਰਹਾਜ਼ਰ ਵਿਦਿਆਰਥੀਆਂ ਨੂੰ ਸਕੂਲਾਂ ਅੰਦਰ ਵਾਪਸ ਲਿਆਉਣਾ ਜ਼ਰੂਰੀ ਹੈ।

5.0 ਸਮੂਹ ਬੀ.ਐਮ.ਟੀ./ਸੀ.ਐਮ.ਟੀ., ਜ਼ਿਲ੍ਹਾ ਕੋਆਰਡੀਨੇਟਰ, ਬੀ.ਪੀ.ਈ.ਓ. ਸਾਹਿਬਾਨ ਵੀ ਗੈਰਹਾਜ਼ਰ ਵਿਦਿਆਰਥੀਆਂ ਦੇ ਸਬੰਧ ਵਿੱਚ ਸਕੂਲ ਅਧਿਆਪਕਾਂ ਨਾਲ ਮੀਟਿੰਗਾਂ ਕਰਨ। ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਗੈਰਹਾਜ਼ਰ ਵਿਦਿਆਰਥੀਆਂ ਦੇ ਨਾਂ ਬਿਲਕੁਲ ਨਾ ਕੱਟੇ ਜਾਣ ਬਲਕਿ ਬੱਚੇ ਨੂੰ ਸਕੂਲ ਅੰਦਰ ਲਿਆਉਣ ਲਈ ਬੱਚੇ ਦੇ ਮਾਪਿਆਂ ਨਾਲ ਸੰਪਰਕ ਕਰਕੇ ਇਹਨਾਂ ਨੂੰ ਬੱਚੇ ਨੂੰ ਸਕੂਲ ਭੇਜਣ ਸਬੰਧੀ ਪ੍ਰੇਰਣ ਲਈ ਕਿਹਾ ਜਾਵੇ।

6.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

ਪਿੱਠਅੰਕਣ ਨੰ. ਉਕਤ 7142 ਮਿਤੀ 28.01.2011

ਉਤਾਰਾ (1) ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਪੰਜਾਬ।
(2) ਸਮੂਹ ਜ਼ਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**